ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਹੁਣ ਤੱਕ 36 ਸ਼ੱਕੀ ਮਰੀਜ਼ਾਂ ਦੀਆਂ ਰਿਪੋਰਟਾਂ ਆਈਆਂ ਨੈਗੇਟਿਵ

ਕੋਰੋਨਾ ਵਾਇਰਸ ਦਾ ਇਕ ਵੀ ਕੇਸ ਨਹੀਂ ਆਇਆ ਸਾਹਮਣੇ

ਕੋਰੋਨਾ ਵਾਇਰਸ ਨਾਲ ਨਿਪਟਣ ਲਈ ਕੀਤੇ ਗਏ ਹਨ ਪੁਖਤਾ ਪ੍ਰਬੰਧ

ਫਤਹਿਗੜ੍ਹ ਸਾਹਿਬ, 05 ਅਪ੍ਰੈਲ

ਵਧੀਕ ਡਿਪਟੀ ਕਮਿਸ਼ਨਰ-ਕਮ- ਨੋਡਲ ਅਫਸਰ ਕੋਵਿਡ-19 ਕੰਟਰੋਲ, ਸ੍ਰੀ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਵਾਇਰਸ ਸਬੰਧੀ 36 ਸ਼ੱਕੀ ਮਰੀਜ਼ਾਂ ਦੀਆਂ ਰਿਪੋਰਟਾਂ ਨੈਗੇਟਿਵ ਆਈਆਂ ਹਨ ਤੇ 12 ਦੀਆਂ ਰਿਪੋਰਟਾਂ ਆਉਣੀਆਂ ਬਾਕੀ ਹਨ । ਜ਼ਿਲ੍ਹੇ ਵਿੱਚ ਹਾਲੇ ਤੱਕ ਕੋਰੋਨਾ ਵਾਇਰਸ ਤੋਂ ਪੀੜਤ ਇਕ ਵੀ ਕੇਸ ਸਾਹਮਣੇ ਨਹੀਂ ਆਇਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਬਾਹਰੋਂ ਆਏ ਸਾਰੇ ਵਿਅਕਤੀਆਂ ਨੂੰ ਟਰੇਸ ਕੀਤਾ ਗਿਆ ਹੈ, ਇਨ੍ਹਾਂ ਵਿਚੋਂ 690 ਆਪਣਾ ਇਕਾਂਤਵਾਸ (ਕੁਆਰੰਟੀਨ) ਦਾ ਸਮਾਂ ਪੂਰਾ ਕਰ ਚੁੱਕੇ ਹਨ  ਤੇ ਰਹਿੰਦੇ 109 ਵਿਅਕਤੀਆਂ ਨੂੰ ਘਰ ਵਿਚ ਹੀ ਇਕਾਂਤਵਾਸ ਕੀਤਾ ਗਿਆ ਹੈ।

ਵਧੀਕ ਡਿਪਟੀ ਕਮਿਸ਼ਨਰ-ਕਮ- ਨੋਡਲ ਅਫਸਰ ਕੋਵਿਡ-19 ਕੰਟਰੋਲ ਨੇ ਕਿਹਾ ਕਿ ਦੁਨੀਆਂ ਭਰ ਵਿੱਚ ਕੋਰੋਨਾ ਵਾਇਰਸ ਦੇ ਵਧ ਰਹੇ ਕੇਸਾਂ ਨੂੰ ਧਿਆਨ ਵਿੱਚ ਰੱਖਦੇ ਹੋਏ  ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ।

ਸ. ਜਸਪ੍ਰੀਤ ਸਿੰਘ ਨੇ ਆਮ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਤਾਂ ਕਿ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਹਨਾਂ ਦੱਸਿਆ ਕਿ ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਨਾਲ ਧੋਇਆ ਜਾਵੇ।ਖੰਘ ਜਾਂ ਛਿੱਕਣ ਸਮੇਂ ਆਪਣਾ ਮੂੰਹ ਅਤੇ ਨੱਕ ਰੁਮਾਲ ਨਾਲ ਢੱਕਿਆ ਜਾਵੇ ਕਿਉਂਕਿ ਇਹ ਬਿਮਾਰੀ ਇੱਕ ਪੀੜਤ ਵਿਅਕਤੀ ਤੋਂ ਤੰਦਰੁਸਤ ਵਿਅਕਤੀ ਨੂੰ ਥੁੱਕ ਕਣਾਂ ਰਾਹੀਂ ਫੈਲਦੀ ਹੈ।ਇਸ ਲਈ ਫਲੂ ਵਰਗੇ ਲੱਛਣਾਂ ਵਾਲੇ ਵਿਅਕਤੀ ਤੋਂ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ।ਕਿਸੇ ਵੀ ਵਿਅਕਤੀ ਨਾਲ ਹੱਥ ਨਾ ਮਿਲਾਇਆ ਜਾਵੇ। ਖੰਘ,ਬੁਖਾਰ ਜਾਂ ਸਾਹ ਲੈਣ ਵਿੱਚ ਦਿੱਕਤ ਆਉਣ ਦੀ ਸੂਰਤ ਵਿੱਚ, ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਬਿਮਾਰੀ ਨਾਲ ਨਿਪਟਣ ਲਈ ਜ਼ਿਲ੍ਹੇ ਅੰਦਰ ਪੁਖਤਾ ਪ੍ਰਬੰਧ ਕੀਤੇ ਗਏ ਹਨ।ਜ਼ਿਲ੍ਹੇ ਅਧੀਨ ਪੈਂਦੇ ਹਸਪਤਾਲਾਂ ਵਿੱਚ ਕੋਰੋਨਾ ਦੇ ਸ਼ੱਕੀ ਮਰੀਜ਼ਾਂ ਨੂੰ ਦਾਖਲ ਕਰਨ ਲਈ ਆਈਸੋਲੇਸ਼ਨ ਵਾਰਡ

ਬਣਾਏ ਗਏ ਹਨ। ਉਹਨਾਂ ਕਿਹਾ ਕਿ ਘਰ ਵਿੱਚ ਰਹਿ ਕੇ ਹੀ ਇਸ ਬਿਮਾਰੀ ਖਿਲਾਫ ਜੰਗ ਵਿੱਚ ਸਰਕਾਰ ਨੂੰ ਸਹਿਯੋਗ ਦਿੱਤਾ ਜਾਵੇ।

---

ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹੇ ਵਿੱਚ ਕਰਫਿਊ ਦੌਰਾਨ ਪ੍ਰਾਈਵੇਟ ਹਸਪਤਾਲ, ਨਰਸਿੰਗ ਹੋਮ, ਲੈਬੋਰਟਰੀਆਂ, ਆਯੁਰਵੈਦਿਕ ਅਤੇ ਹੋਮਿਊ ਪੈਥਿਕ ਡਿਸਪੈਂਸਰੀਆਂ ਤੇ ਕਲੀਨਕ ਆਮ ਵਾਂਗ ਖੁਲ੍ਹੇ ਰਹਿਣਗੇ

ਕੋਰੋਨਾ ਵਾਇਰਸ ਤੋਂ ਬਚਾਅ ਲਈ ਚੁੱਕੇ ਜਾ ਰਹੇ ਕਦਮਾਂ ਦੀ ਲੜੀ ਵਜੋਂ ਚੁੱਕਿਆ ਗਿਆ ਇੱਕ ਹੋਰ ਕਦਮ

ਫ਼ਤਹਿਗੜ੍ਹ ਸਾਹਿਬ, 05 ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਨੇ ਹੁਕਮ ਜਾਰੀ ਕੀਤੇ ਹਨ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਲਾਏ ਕਰਫਿਊ ਦੌਰਾਨ ਪ੍ਰਾਈਵੇਟ ਹਸਪਤਾਲ, ਨਰਸਿੰਗ ਹੋਮ, ਲੈਬੋਰਟਰੀਆਂ, ਆਯੁਰਵੈਦਿਕ ਅਤੇ ਹੋਮਿਊ ਪੈਥਿਕ ਡਿਸਪੈਂਸਰੀਆਂ ਤੇ ਕਲੀਨਕ ਆਮ ਦਿਨਾਂ ਵਾਂਗ ਖੁਲ੍ਹੇ ਰੱਖੇ ਜਾਣ।

ਇਸ ਦੇ ਨਾਲ ਹੀ ਸਮੂਹ ਕੰਬਾਈਨਾਂ, ਕਟਾਈ ਦੇ ਸੀਜ਼ਨ ਦੌਰਾਨ ਸਵੇਰੇ 09:00 ਵਜੇ ਤੋਂ ਸ਼ਾਮ 07:00 ਵਜੇ ਤੱਕ ਕਣਕ ਦੀ ਕਟਾਈ ਕਰ ਸਕਦੀਆਂ ਹਨ ਅਤੇ ਖੇਤੀ ਨਾਲ ਸਬੰਧਤ ਵਰਤੀ ਜਾਣ ਵਾਲੀ ਮਸ਼ੀਨਰੀ ਦੇ ਸਪੇਅਰ ਪਾਰਟਸ ਦੀਆਂ ਦੁਕਾਨਾਂ ਅਤੇ ਵਰਕਸ਼ਾਪ ਸਵੇਰੇ 07:00 ਵਜੇ ਤੋਂ ਦੁਪਹਿਰ 12:00 ਵਜੇ ਤੱਕ ਹੀ ਖੁਲਣਗੀਆਂ ਅਤੇ ਮੁਰੰਮਤ ਵਰਕਸ਼ਾਪ ਦੇ ਅੰਦਰ ਹੀ ਕੀਤੀ ਜਾਵੇਗੀ।

ਖੇਤੀ ਨਾਲ ਸਬੰਧਤ ਔਜ਼ਾਰਾਂ ਜਿਵੇਂ ਕਿ ਕਹੀ, ਦਾਤੀ, ਤੰਗਲੀ, ਰੱਸੀਆਂ ਆਦਿ ਦੀਆਂ ਦੁਕਾਨਾਂ ਸਵੇਰੇ 07:00 ਵਜੇ ਤੋਂ 10:00 ਵਜੇ ਤੱਕ ਹੀ ਖੁੱਲਣਗੀਆਂ। ਜਿਲ੍ਹਾ ਮੈਜਿਸਟਰੇਟ ਨੇ ਹਦਾਇਤ ਕੀਤੀ ਹੈ ਕਿ ਕੋਵਿਡ-19 ਮਹਾਂਮਾਰੀ ਦੇ ਮਾੜੇ ਪ੍ਰਭਾਵਾਂ ਤੋਂ ਬਚਣ ਲਈ ਮਾਸਕ ਅਤੇ ਹੱਥਾਂ ਦੀ ਸਫਾਈ ਲਈ ਸੈਨੀਟੇਜਰਾਂ ਦੀ ਵਰਤੋਂ ਕੀਤੀ ਜਾਵੇ, ਇੱਕ ਦੂਜੇ ਤੋਂ 1.5 ਮੀਟਰ ਤੋਂ 2 ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ ਅਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਤੇ ਐਡਵਾਈਜਰੀਆਂ ਦਾ ਖਾਸ ਧਿਆਨ ਰੱਖਿਆ ਜਾਵੇ। ਇਹ ਹੁਕਮ 4 ਮਈ, 2020 ਤੱਕ ਲਾਗੂ ਰਹਿਣਗੇ।

---

ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪਿੰਡਾਂ ਵਿੱਚ ਦਾਖਲੇ ਤੇ ਬਾਹਰ ਜਾਣ ਦੇ ਰਸਤਿਆਂ ਤੇ 24 ਘੰਟੇ ਪਹਿਰੇ ਦੇ ਹੁਕਮ

ਫ਼ਤਹਿਗੜ੍ਹ ਸਾਹਿਬ, 05 ਅਪ੍ਰੈਲ :

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਪੰਜਾਬ ਵਿਲੇਜ ਐਂਡ ਸਮਾਲ ਟਾਊਨ ਪੈਟਰੋਲ ਐਕਟ 1918 ਦੇ ਸੈਕਸ਼ਨ 3 (1) ਅਧੀਨ ਹੁਕਮ ਜਾਰੀ ਕੀਤੇ ਹਨ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜ਼ਿਲ੍ਹੇ ਦੇ ਸਾਰੇ ਪਿੰਡਾਂ ਦੇ ਨਰੋਈ ਸਿਹਤ ਵਾਲੇ ਬਾਲਗ ਵਿਅਕਤੀਆਂ ਵੱਲੋਂ ਪਿੰਡਾਂ ਵਿੱਚ ਦਾਖਲ ਹੋਣ ਤੇ ਬਾਹਰ ਜਾਣ ਦੇ ਰਸਤਿਆਂ ਤੇ 24 ਘੰਟੇ ਪਹਿਰੇ ਲਗਾਏ ਜਾਣ ਅਤੇ ਕਿਸੇ ਵੀ ਵਿਅਕਤੀ ਨੂੰ ਬਿਨਾਂ ਕਿਸੇ ਖਾਸ ਮਕਸਦ ਦੇ ਪਿੰਡ ਵਿੱਚ ਦਾਖਲ ਨਾ ਹੋਣ ਦਿੱਤਾ ਜਾਵੇ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਪਿੰਡਾਂ ਦੇ 60 ਸਾਲ ਤੋਂ ਵੱਧ ਉਮਰ ਵਾਲੇ ਬਜ਼ੁਰਗਾਂ ਅਤੇ ਅੰਗਹੀਣ ਵਿਅਕਤੀਆਂ ਨੂੰ ਇਹ ਪਹਿਰਾ ਦੇਣ ਤੋਂ ਛੋਟ ਹੋਵੇਗੀ ਅਤੇ ਹਰੇਕ ਪਿੰਡ ਦੀ ਪੰਚਾਇਤ ਇਸ ਐਕਟ ਅਧੀਨ ਧਾਰਾ 4 (1) ਪੂਰੀ ਤਰਜਮਾਨੀ ਕਰਦਿਆਂ ਆਪਣੇ ਕਾਰਜ ਖੇਤਰ ਅੰਦਰ ਉਕਤ ਡਿਊਟੀ ਅਦਾ ਕਰਾਏਗੀ।

ਦੇਸ਼ ਅੰਦਰ ਕੋਵਿਡ-19 ਨੂੰ ਇੱਕ ਖਤਰਨਾਕ ਮਹਾਂਮਾਰੀ ਐਲਾਨਿਆ ਗਿਆ ਹੈ ਅਤੇ ਇਸ ਭਿਆਨਕ ਮਹਾਂਮਾਰੀ ਕਾਰਨ ਪ੍ਰਭਾਵਿਤ ਹੋਣ ਤੋਂ ਰੋਕਣ ਲਈ ਅਹਿਤਿਆਤ ਵਜੋਂ ਜ਼ਿਲ੍ਹੇ ਵਿੱਚ ਕਰਫਿਊ ਲਾਇਆ ਗਿਆ ਹੈ। ਇਸੇ ਦੇ ਮੱਦੇਨਜ਼ਰ ਉਕਤ ਹੁਕਮ ਜਾਰੀ ਕੀਤੇ ਗਏ ਹਨ। ਇਹ ਹੁਕਮ 2 ਮਈ, 2020 ਤੱਕ ਲਾਗੂ ਰਹਿਣਗੇ।

---

ਜਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਖਿਲਾਫ ਜੰਗ ਵਿੱਚ ਅਹਿਮ ਯੋਗਦਾਨ ਪਾ ਰਹੇ ਨੇ ਸਫਾਈ ਕਰਮਚਾਰੀ

ਸਫਾਈ ਕਰਮਚਾਰੀਆਂ ਦਾ ਵੱਖ ਵੱਖ ਥਾਈਂ ਸਨਮਾਨ

ਸ਼ਹਿਰਾਂ ਵਿੱਚ ਸਫਾਈ ਤੇ ਸੈਨੇਟਾਈਜ਼ੇਸ਼ਨ ਮੁਹਿੰਮ ਜ਼ੋਰਾਂ 'ਤੇ

ਫ਼ਤਹਿਗੜ੍ਹ ਸਾਹਿਬ, 05 ਅਪ੍ਰੈਲ

ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ ਤੇ ਜਿ.ਲ੍ਹਾ ਪ੍ਰਸ਼ਾਸਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿ.ਲ੍ਹੇ ਦੀਆਂ ਸਮੂਹ ਨਗਰ ਕੌਂਸਲਾਂ ਤੇ ਨਗਰ ਪੰਚਾਇਤ ਵੱਲੋਂ ਸ਼ਹਿਰਾਂ ਦੀ ਸਾਫ ਸਫਾਈ ਕਰਨ ਦੇ ਨਾਲ ਨਾਲ ਸ਼ਹਿਰਾਂ ਨੂੰ ਸੈਨੇਟਾਈਜ਼ ਕੀਤੇ ਜਾਣ ਦੀ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਵਿੱਚ ਸਫ਼ਾਈ ਕਰਮਚਾਰੀਆਂ ਵੱਲੋਂ ਵਿਸੇ.ਸ਼ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਸਬੰਧੀ ਲੋਕਾਂ ਵੱਲੋਂ ਸਫਾਈ ਕਰਮਚਾਰੀਆਂ ਦੀ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ ਤੇ ਸਫਾਈ ਕਰਮਚਾਰੀਆਂ ਦਾ ਜਿ.ਲ੍ਹਾ ਪ੍ਰਸ਼ਾਸਨ ਤੇ ਵੱਖ ਵੱਖ ਸੰਸਥਾਵਾਂ ਵੱਲੋਂ ਸਨਮਾਨ ਵੀ ਕੀਤਾ ਜਾ ਰਿਹਾ ਹੈ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਇਸ ਬਿਮਾਰੀ ਤੋਂ ਬਚਾਅ ਲਈ ਚਲਾਈ ਜਾ ਰਹੀ ਸਫਾਈ ਤੇ ਸੈਨੇਟਾਈਜ਼ੇਸ਼ਨ ਮੁਹਿੰਮ ਵਿੱਚ ਸਫਾਈ ਕਰਮਚਾਰੀਆਂ ਦਾ ਯੋਗਦਾਨ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੌਰਾਨ ਲੋਕਾਂ ਨੂੰ ਸਾਫ ਸਫਾਈ ਰੱਖਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਕੂੜੇ ਦੀ ਡੋਰ ਟੂ ਡੋਰ ਕੁਲੈਕਸ਼ਨ ਵੀ ਲਗਾਤਾਰ ਜਾਰੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮੁਸ਼ਕਲ ਘੜੀ ਵਿੱਚ ਸਫਾਈ ਕਰਮਚਾਰੀ ਜਿਸ ਲਗਨ ਤੇ ਨਿਸ਼ਠਾ ਨਾਲ ਡਿਊਟੀ ਨਿਭਾਅ ਰਹੇ ਹਨ, ਉਸ ਤੋਂ ਪ੍ਰੇਰਨਾ ਲੈ ਕੇ ਹਰ ਵਿਅਕਤੀ ਨੂੰ ਸਰਕਾਰ ਵੱਲੋਂ ਸਮੇਂ ਸਮੇਂ ’ਤੇ ਜਾਰੀ ਕੀਤੀਆਂ ਜਾਂਦੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾ ਕੇ ਇਸ ਬਿਮਾਰੀ ਖਿਲਾਫ ਜੰਗ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।